# ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162

Epaper World Punjabi Times    13 ਦਸੰਬਰ 2024 ਦਿਨ ਸ਼ੁੱਕਰਵਾਰ    ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪਿੰਡ ਚੁਹਾਣਕੇ ਖੁਰਦ ਵਿਖੇ ਨੰਬਰਦਾਰ ਮੇਜਰ ਸਿੰਘ ਧਾਲੀਵਾਲ ਯਾਦਗਾਰੀ ਸਮਾਗਮ

### ਖੇਡਾਂ, ਵਿਦਿਆ ਦੇ ਖੇਤਰ 'ਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਸਨਮਾਨ.

ਵਰਲਡ ਪੰਜਾਬੀ ਟਾਈਮਜ਼ — ਜਗਮੋਹਣ ਸ਼ਾਹ ਰਾਏਸਰ

ਮਹਿਲ ਕਲਾਂ,13 ਦਸੰਬਰ : ਨੰਬਰਦਾਰ ਮੇਜਰ ਸਿੰਘ ਧਾਲੀਵਾਲ ਦੀ ਯਾਦ ਨੂੰ ਸਮਰਪਿਤ ਨੌਵਾਂ ਸਾਲਾਨਾ ਯਾਦਗਾਰੀ ਸਮਾਗਮ ਡਾ: ਕਰਮਜੀਤ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਸਰਕਾਰੀ ਐਲੀਮੈਂਟਰੀ ਸਕੂਲ ਚੁਹਾਣਕੇ ਖੁਰਦ (ਬਰਨਾਲਾ) ਵਿਖੇ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਐਸ ਪੀ ਬਰਨਾਲਾ ਸੰਦੀਪ ਸਿੰਘ ਮੰਡ ਨੇ ਪ੍ਰਬੰਧਕਾਂ ਦੇ



ਇਸ ਉੱਦਮ ਸ਼ਲਾਘਾ ਕਰਦਿਆ ਵਿਦਿਆਰਥੀਆਂ ਨੂੰ ਵਧੇਰੇ ਲਗਨ ਮਿਹਨਤ ਨਾਲ ਖੇਡਾਂ, ਵਿੱਦਿਆ ਦੇ ਖੇਤਰ 'ਚ ਮੱਲਾਂ ਮਾਰਨ ਲਈ ਉਤਸ਼ਾਹਿਤ ਕੀਤਾ। ਸ਼੍ਰੋਮਣੀ ਸਾਹਿਤਕਾਰ ਓਮ ਪ੍ਰਕਾਸ ਗਾਸੋ, ਪ੍ਰਿੰਸੀਪਲ ਸਰਵਣ ਸਿੰਘ ਢੁੱਡੀਕੇ ਨੇ ਧਾਲੀਵਾਲ ਪਰਿਵਾਰ ਨੂੰ ਵਧਾਈ ਦਿੰਦਿਆ ਕਿਹਾ ਕਿ ਧਾਲੀਵਾਲ ਪਰਿਵਾਰ ਵਾਂਗ ਆਪਣੇ ਪੁਰਖਿਆਂ ਦੀ ਯਾਦ 'ਚ ਹਰ ਸਾਲ ਯਾਦਗਾਰੀ ਸਮਾਗਮ ਕਰਵਾ ਕੇ ਵਿਦਿਆਰਥੀਆਂ ਨੂੰ ਉਸਾਰੂ ਸੋਚ 'ਚ ਪ੍ਰਪੱਕ ਬਨਾਉਣਾ ਸਮੇਂ ਦੀ ਮੁੱਖ ਲੋੜ ਹੈ। ਇਸ ਮੌਕੇ ਡਾ: ਕਰਮਜੀਤ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਮੁੱਖ ਮਹਿਮਾਨ, ਵੱਖ-ਵੱਖ ਸ਼ਖਸੀਅਤਾਂ ਅਤੇ ਖੇਡਾਂ, ਵਿੱਦਿਆ 'ਚ ਪਹਿਲੀਆਂ ਪੁਜੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ 5100 ਰੁਪਏ ਨਗਦ ਰਾਸ਼ੀ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ । ਧਾਲੀਵਾਲ ਪਰਿਵਾਰ ਨੇ ਸਕੂਲ ਦੀ ਲਾਇਬ੍ਰੇਰੀ ਲਈ 200 ਸਾਹਿਤਕ ਕਿਤਾਬਾਂ ਵੀ ਭੇਟ ਕੀਤੀਆਂ। ਪੀਪਲ ਆਰਟ ਗਰੁੱਪ ਪਟਿਆਲਾ ਵਲੋਂ ਉਸਾਰੂ ਨਾਟਕਾਂ ਦੀ ਸਫਲ ਪੇਸ਼ਕਾਰੀ ਨੇ ਦਰਸ਼ਕਾਂ ਉਪਰ ਅਮਿੱਟ ਛਾਪ ਛੱਡੀ। ਹੈੱਡਮਾਸਟਰ ਪੁਨੀਤ ਗਰਗ, ਬਲਜਿੰਦਰ ਸਿੰਘ ਫੌਜੀ ਨੇ ਮੁੱਖ ਮਹਿਮਾਨ ਸਮੇਤ ਸਾਰਿਆਂ ਦਾ ਧੰਨਵਾਦ ਕਰਦਿਆ ਪਿੰਡਾਂ ਦੇ ਸਰਕਾਰੀ ਵਿਦਿਅਕ ਅਦਾਰਿਆਂ ਦੀ ਬਿਹਤਰੀ ਲਈ ਦਾਨੀ ਸੱਜਣਾਂ ਨੂੰ ਅੱਗੇ ਆਉਣ ਦੀ ਅਪੀਲ ਕੀਤੀ । ਇਸ ਮੌਕੇ ਡਾ: ਗਗਨਦੀਪ ਸਿੰਘ ਬਰਨਾਲਾ, ਸਰਪੰਚ ਰਜਿੰਦਰ ਕੌਰ ਚੁਹਾਣਕੇ, ਲਖਵਿੰਦਰ ਸਿੰਘ ਠੀਕਰੀਵਾਲ, ਜਰਨੈਲ ਸਿੰਘ ਧਾਲੀਵਾਲ, ਮੈਡਮ ਦਲਜੀਤ ਕੌਰ, ਅੰਮਿਤਪਾਲ ਕੌਰ, ਮਹਿਜਪ੍ਰੀਤ ਕੌਰ, ਰਾਜੇਸ਼ ਗੋਇਲ ਨਾਈਵਾਲਾ, ਵੀਨਾ ਰਾਣੀ, ਰੋਹਿਤ ਸਿੰਗਲਾ, ਗੁਰਸੇਵਕ ਕੌਰ, ਰਵਨੀਤ ਕੌਰ, ਮਨਜੀਤ ਕੌਰ, ਗੁਰਮੀਤ ਕੌਰ, ਰਾਜੇਸ਼ ਕੁਮਾਰ ਆਦਿ ਹਾਜ਼ਰ ਸਨ।

## 13 ਦਸੰਬਰ ਨੂੰ ਬਰਸੀ ਮੌਕੇ ਪ੍ਰਕਾਸ਼ਨ ਹਿਤ

### ਕਵੀਸ਼ਰੀ ਦਾ ਧਰੂ ਤਾਰਾ: ਸ. ਬਲਵੰਤ ਸਿੰਘ ਪਮਾਲ

ਵਰਲਡ ਪੰਜਾਬੀ ਟਾਈਮਜ਼ — ਸਤਿੰਦਰ ਪਾਲ ਸਿੰਘ ਸਿੱਧਵਾਂ



ਕਵੀਸ਼ਰੀ ਪੰਜਾਬੀ ਕਾਵਿ ਤੇ ਗਾਇਕੀ ਦੀ ਐਸੀ ਵੰਨਗੀ ਹੈ ਜਿਸ ਵਿੱਚ ਕਿਸੇ ਵੀ ਸਾਜ਼ ਦੀ ਵਰਤੋਂ ਨਹੀਂ ਕੀਤੀ ਜਾਂਦੀ ਪਰ ਕਵੀਸ਼ਰ ਦੀ ਕਵਿਤਾ ਦੇ ਬੋਲ ਅਤੇ ਗਾਉਣ ਵਾਲੇ ਦੀ ਸੁਰੀਲੀ ਤੇ ਦਮਦਾਰ ਆਵਾਜ਼ ਨਾਲ ਉਹ ਸਰੋਤਿਆਂ ਤੇ ਦਿਲਾਂ ਰੂਹ ਉਤੇ ਜਾਦੂਮਈ ਅਸਰ ਕਰਦੀ ਹੈ । ਐਸੀ ਹੀ ਕਵੀਸ਼ਰੀ ਦੇ ਰਚਣਹਾਰ ਸਨ ਕਵੀਸ਼ਰ ਬਲਵੰਤ ਸਿੰਘ ਪਮਾਲ (ਲੁਧਿਆਣਾ) ਜਿਸਦੀ ਕਵੀਸ਼ਰੀ ਘੰਟਿਆਂ ਬੱਧੀ ਪੰਜਾਬੀ ਸਰੋਤਿਆਂ ਨੂੰ ਕੀਲ ਕੇ ਬਿਠਾਈ ਰੱਖਦੀ ਸੀ । ਕਵੀਸ਼ਰ ਬਲਵੰਤ ਸਿੰਘ ਪਮਾਲ ਦਾ ਜਨਮ 30 ਜੁਲਾਈ 1930 ਨੂੰ ਲੁਧਿਆਣਾ ਜ਼ਿਲ੍ਹੇ ਦੇ ਪਮਾਲ ਪਿੰਡ ਵਿੱਚ ਪਿਤਾ ਬਚਨ ਸਿੰਘ ਤੇ ਮਾਤਾ ਸੰਤ ਕੌਰ ਦੇ ਘਰ ਹੋਇਆ। ਉਹ ਆਪਣੇ ਚਾਰ ਭਰਾਵਾਂ ਵਿੱਚੋਂ ਸਭ ਤੋ ਛੋਟੇ ਸਨ ਕਿੱਤਾਕਾਰ ਪ੍ਰੀਵਾਰ ਵਿੱਚ ਬਲਵੰਤ ਸਿੰਘ ਬਹੁਤੀ ਸਕੂਲੀ ਵਿੱਦਿਆ ਨਹੀਂ ਲੈ ਸਕੇ ਪਰ ਮਾਂ ਦੀ ਦਿੱਤੀ ਗੁੜ੍ਹਤੀ ਅਤੇ ਪ੍ਰੀਵਾਰ ਵਿੱਚ ਧਾਰਮਿਕ ਮਾਹੌਲ ਹੋਣ ਕਰਕੇ ਗੁਰੂਆਂ ਪੀਰਾਂ ਦੀਆਂ ਸਾਖੀਆਂ ਸਿੱਖ ਇਤਿਹਾਸਕ ਸਾਕੇ ਅਤੇ ਦੇਸ਼ ਦੀ ਅਜ਼ਾਦੀ ਲਈ ਝੂਜਣ ਵਾਲੇ ਯੋਧਿਆਂ ਦੀਆਂ ਕੁਰਬਾਨੀਆਂ ਬਲਵੰਤ ਸਿੰਘ ਨੂੰ ਕਵੀਸ਼ਰ ਬਲਵੰਤ ਸਿੰਘ ਪਮਾਲ ਬਣਾਉਣ ਵਿੱਚ ਪ੍ਰੇਰਨਾ ਸ੍ਰੋਤ ਬਣੇ ।ਆਪ ਜੀ ਦੇ ਦਾਦਾ ਜੀ ਦੀ ਵੀ ਗਾਇਕੀ ਪ੍ਰਤੀ ਖਿੱਚ ਸੀ ਜੋ ਕਵੀਸ਼ਰ ਬਲਵੰਤ ਸਿੰਘ ਦੇ ਹੋਣ ਹਾਰ ਵਿਰਵਾ ਕੇ ਚਿਕਨੇ ਚਿਕਨੇ ਪਾਤ ਦੀ ਕਹਾਵਤ ਤੇ ਪੂਰਾ ਉਤਰਨ ਵਿੱਚ ਸਹਾਇਕ ਹੋਈ | ਆਪਣੀ ਕਲਾ ਨੂੰ ਨਿਖਾਰਨ ਲਈ ਗੁਆਂਢੀ ਪਿੰਡ ਬੱਦੋਵਾਲ ਦੇ ਆਪਣੇ ਸਮੇਂ ਦੇ ਮੰਨੇ ਪਰਮੰਨੇ ਕਵੀਸ਼ਰ ਅਜੈਬ ਸਿੰਘ ਬਦੋਵਾਲ ਨੂੰ ਆਪਣਾ ਉਸਤਾਦ ਧਾਰਨ ਕੀਤਾ 15 ਸਾਲ ਦੀ ਉਮਰ ਵਿੱਚ ਬਲਵੰਤ ਸਿੰਘ ਨੇ ਆਪਣੀ ਰਚਨਾ ਰਮਾਇਣ ਦਾ ਪ੍ਰਸੰਗ ਉਸਤਾਦ ਨੂੰ ਸੁਣਾ ਜੇ ਉਸਦਾ ਅਸ਼ੀਰਵਾਦ ਪ੍ਰਾਪਤ ਕੀਤਾ।

ਫਿਰ ਬਲਵੰਤ ਸਿੰਘ ਦੀ ਕਵੀਸ਼ਰੀ ਕਲਾ ਨੂੰ ਸੁਰਖਾਬ ਦੇ ਖੰਭ ਲੱਗ ਗਏ ਅਤੇ ਆਪਣੇ ਪਿੰਡ ਤੋ ਹੀ ਦੋ ਸਾਥੀ ਸਾਧੂ ਸਿੰਘ ਤੇ ਗੁਰਦੇਵ ਸਿੰਘ ਨੂੰ ਆਪਣੇ ਜੱਥੇ ਦੇ ਗਵੱਈਏ ਬਣਾ ਲਿਆ ਅਤੇ ਪਮਾਲ ਵਾਲਾ ਜੱਥਾ ਦੇਸ਼ ਵਿਦੇਸ਼ ਵਿੱਚ ਉਡਾਰੀਆਂ ਮਾਰਨ ਲੱਗਾ ।

ਕਵੀਸ਼ਰੀ ਦੀ ਬੱਲੇ ਬੱਲੇ ਵਕਤ ਹੀ ਬਲਵੰਤ ਸਿੰਘ ਪਮਾਲ ਦੀ ਸ਼ਾਦੀ ਫੱਲੇਵਾਲ ਪਿੰਡ ਵਿੱਚ ਸਰਦਾਰ ਬੰਤਾ ਸਿੰਘ ਦੀ ਬੇਟੀ ਮਹਿੰਦਰ ਕੌਰ ਜੀ ਨਾਲ ਹੋਈ ਆਪ ਜੀ ਦੀਆਂ ਚਾਰ ਬੇਟੀਆਂ ਅਤੇ ਇਕ ਬੇਟਾ ਰਛਪਾਲ ਸਿੰਘ ਪਮਾਲ ਅੱਜ ਦੇ ਪ੍ਰਸਿੱਧ ਪੰਥਕ ਢਾਡੀ ਪੈਦਾ ਹੋਏ , ਪ੍ਰੀਵਾਰ ਦੀ ਸਾਂਭ ਸੰਭਾਲ ਬੀਬੀ ਮਹਿੰਦਰ ਕੌਰ ਦੇ ਹਿੱਸੇ ਆਈ ਜਿਸ ਨਾਲ ਬਲ਼ਵੰਤ ਸਿੰਘ ਪਮਾਲ ਨੂੰ ਕਵੀਸ਼ਰੀ ਜਗਤ ਵਿੱਚ ਉੱਚੀਆਂ ਉਡਾਰੀਆਂ ਲਾਉਣ ਵਿੱਚ ਭਰਪੂਰ ਮਦਦ ਮਿਲੀ ।

ਟੇਕ ਬੱਧ ਕਵੀਸ਼ਰੀ ਵਿੱਚ ਕਵੀ ਕੋਲ ਸਰੋਤਿਆਂ ਦੇ ਦਿਲਾਂ ਤੱਕ ਪਹੁੰਚਾਉਣ ਲਈ ਬੇਹੱਦ ਸ਼ਬਦਾਵਲੀ ਹੁੰਦੀ ਜਿਸ ਦੀ ਵਰਤੋਂ ਕਵੀਸ਼ਰ ਬਲਵੰਤ ਸਿੰਘ ਪਮਾਲ ਨੇ ਰੱਜ ਕੇ ਕੀਤੀ ।

ਕਵੀਸ਼ਰ ਬਲਵੰਤ ਸਿੰਘ ਪਮਾਲ ਅਗਾਂਹ ਵਧੂ ਸੋਚ ਦੇ ਧਾਰਨੀ ਸਨ ਅਤੇ ਉਨ੍ਹਾਂ ਪ੍ਰਸੰਗ ਵਰਨਣ ਕਰਦਿਆਂ ਲੈਕਚਰ ਵਿੱਚ ਹਮੇਸ਼ਾ ਸਮਾਜਿਕ ਤੇ ਆਰਥਿਕ ਨਾ ਬਰਾਬਰੀ ਦਾ ਭਰਪੂਰ ਖੰਡਨ ਹੁੰਦਾ ਸੀ ਜਿੱਥੇ ਬਲਵੰਤ ਸਿੰਘ ਪਮਾਲ ਸਰੋਤਿਆਂ ਦੇ ਦਿਲਾਂ ਨੂੰ ਧੂ ਪਾਉਣ ਵਾਲੀ ਕਵੀਸ਼ਰੀ ਰਚਦੇ ਸਨ ਤੇ ਜਦੋਂ ਵੱਖ ਵੱਖ ਧਾਰਮਿਕ ਸੱਭਿਆਚਾਰਕ ਦੀਵਾਨਾਂ ਵਿੱਚ ਉਨ੍ਹਾਂ ਦੀ ਤਕਰੀਰ ਵੀ ਸਰੋਤਿਆਂ ਤੇ ਮਿਕਨਾਤੀਸੀ ਖਿੱਚ ਦਾ ਅਸਰ ਕਰਦੀ ਸੀ ਤੇ ਸਾਧੂ ਸਿੰਘ , ਗੁਰਦੇਵ ਸਿੰਘ ਗਾਈ ਕਵੀਸ਼ਰੀ ਸਰੋਤਿਆਂ ਨੂੰ ਮੰਤਰ ਮੁਗਦ ਕਰ ਜਾਂਦੀ । ਬਲ਼ਵੰਤ ਸਿੰਘ ਪਮਾਲ ਦਾ ਕਵੀਸ਼ਰੀ ਜੱਥਾ ਆਲ ਇੰਡੀਆ ਰੇਡੀਓ ਜਲੰਧਰ ਤੋ ਕਵੀਸ਼ਰੀ ਗਾਉਂਦਾ ਤਾਂ ਪਿੰਡਾਂ ਦੀਆਂ ਸੱਥਾਂ ਵਿੱਚ ਵੱਜਦੇ ਰੇਡੀਓ ਗੂੰਜ ਉੱਠਦੇ ।

ਜਲੰਧਰ ਅਤੇ ਦਿੱਲੀ ਦੂਰ ਦਰਸ਼ਨ ਤੇ ਵੀ ਪਮਾਲ ਦੇ ਜੱਥੇਬੰਦੀ ਕਵੀਸ਼ਰੀ ਦੀਆਂ ਗੂੰਜਾਂ ਪਈਆਂ ਪਮਾਲ ਦੇ ਜੱਥੇ ਦੀਆਂ ਧੁੰਮਾ ਪੰਜਾਬ ਤੋ ਲੈਕੇ ਯੂਪੀ , ਸੀਪੀ ਬੰਬੇ ਕਲਕੱਤੇ ਪਈਆਂ ਅਤੇ ਬਲਵੰਤ ਸਿੰਘ ਪਮਾਲ ਨੂੰ 6-6 ਮਹੀਨੇ ਪਹਿਲਾਂ ਸੱਦਣ ਵਾਲਿਆਂ ਦੇ ਤੰਤੇ ਲੱਗਣ ਲੱਗੇ ।

ਪਮਾਲ ਦੇ ਜੱਥੇ ਦੀ ਕਵੀਸ਼ਰ ਦੀ ਐਸੀ ਤੂਤੀ ਬੋਲੀ ਜਿੱਥੇ ਵੱਡੇ ਮੇਲਿਆਂ ਵਿੱਚ ਉਡੀਕਾਂ ਹੋਣ ਲੱਗੀਆਂ ਉੱਥੇ ਉੱਨਾਂ ਦੀ ਕਵੀਸ਼ਰੀ ਦੇ ਆਸ਼ਕ ਪਮਾਲ ਦੇ ਜੱਥੇ ਤੋਂ ਤਰੀਕਾਂ ਲੈ ਕੇ ਧਾਰਮਿਕ ਸਮਾਗਮ,ਵਿਆਹ , ਮੰਗਣੇਂ ਦੇ ਦਿਨ ਰੱਖਦੇ ਸਨ । ਬਿਨਾਂ ਸਪੀਕਰਾਂ ਤੋ ਵੀ ਪਮਾਲ ਦਾ ਜੱਥਾ ਘੰਟਿਆਂ ਬੱਧੀ ਸਰੋਤਿਆਂ ਨੂੰ ਪ੍ਰਸਿੱਧ ਕਿੱਸੇ , ਧਾਰਮਿਕ ਪ੍ਰਸੰਗਾਂ ਸਿੱਖ ਇਤਿਹਾਸ ਦੇ ਸੁਨਿਹਰੀ ਪੰਨਿਆਂ ,ਅਜ਼ਾਦੀ ਦੇ ਆਸ਼ਕਾਂ ਸ਼ਹੀਦ ਭਗਤ ਸਿੰਘ , ਕਰਤਾਰ ਸਿੰਘ ਸਰਾਭਾ ਗਦਰੀ ਬਾਬਿਆਂ ਦੇ ਜੁਝਾਰੂ ਵਰਨਣ ਨੂੰ ਆਪਣੀ ਰਸ ਮਈ ਕਵੀਸ਼ਰੀ ਰਚਨਾਵਾਂ ਸਰੋਤਿਆਂ ਦੇ ਹਿਰਦਿਆਂ ਵਿੱਚ ਵਾਸਾ ਕਰਦੇ।

ਪਿੰਗਲ ਦੇ ਗਿਆਤਾ ਹੋਣ ਕਰਕੇ ਬਲਵੰਤ ਸਿੰਘ ਪਮਾਲ ਨੇ ਆਪਣੀ ਕਾਵਿ ਕਲਾ ਵਿੱਚ ਬਹੁਤ ਨਵੀਨਤਾ ਲਿਆਂਦੀ ।ਦੋਹਰੇ , ਦੁਤਾਰੇ , ਝੋਕ,ਦਵੱਈਏ ,ਪਾਉੜੀ, ਕਾਫ਼ੀ , ਸਾਕੇ, ਕੋਰੜੇ, ਦੁੱਖ ਹਰਨ ਛੰਦ , ਮਨੋਹਰ ਛੰਦ ,ਕਲੀਆਂ , ਵਾਰਾਂ ,ਸਵਾਇਆ ਛੰਦ ਅਤੇ ਹੋਰ ਬਹੁਤ ਵੰਨਗੀਆਂ ਦੀ ਰਚਨਾ ਕੀਤੀ . ਪੰਜਾਬ ਦੇ ਕਿੱਸੇ ਦਹੂਦ ਬਾਦਸ਼ਾਹ, ਕੌਲਾਂ ਭਗਤਣੀ , ਰਾਜਾ ਰਸਾਲੂ, ਪੂਰਨ ਭਗਤ ,ਸੋਹਣੀ ਮਹੀਂਵਾਲ , ਸੱਸੀ ਪੁਨੂੰ,ਮਿਰਜ਼ਾ ਸਾਹਿਬਾਂ ਅਤੇ ਹੋਰ ਅਥਾਹ ਸਮੱਗਰੀ ਬਲਵੰਤ ਸਿੰਘ ਪਮਾਲ ਦੀਆਂ ਸ਼ਾਹਕਾਰ ਰਚਨਾਵਾਂ ਮੂੰਹ ਬੋਲਦੀਆਂ ਹਨ । ਮੈਂਨੂੰ ਇਸ ਗੱਲਾਂ ਮਾਣ ਹੈ ਕਿ ਕਵੀਸ਼ਰ ਬਲਵੰਤ ਸਿੰਘ ਪਮਾਲ ਦੇ ਜੱਥੇ ਨੂੰ ਪੰਜਾਬ ਵੱਡੇ ਵੱਡੇ ਧਾਰਮਿਕ, ਸਭਿਆਚਾਰਕ, ਮੇਲਿਆਂ ਦੇ ਹਜ਼ਾਰਾਂ ਲੋਕਾਂ ਇੱਕਠ ਵਿੱਚ ਸਰੋਤਿਆਂ ਤੋਂ ਮਾਣ , ਦੁਲਾਰ ਪਿਆਰ ਮਾਣਦਿਆਂ ਸੁਣਨ ਦੇਖਣ ਦਾ ਮਾਣ ਹਾਸਲ ਹੈ ਅਤੇ ਪਮਾਲ ਜੀ ਦੀ ਤਹਿਰੀਰ , ਤਕਰੀਰ ਤੇ ਤਹਿਜ਼ੀਬ, ਬੋਲਾਂ ਵਿੱਚ ਗੱੜਕ ਖੱੜਕ ਅੱਜ ਵੀ ਮੈਨੂੰ ਉਤਸ਼ਾਹਤ ਕਰਦੀ ਹੈ । ਮੇਰੇ ਪਿਤਾ ਸ਼੍ਰੋਮਣੀ ਕਵੀਸ਼ਰ ਰਣਜੀਤ ਸਿੰਘ ਸਿੱਧਵਾਂ ਨਾਲ , ਕਵੀਸ਼ਰੀ ਸਮਰਾਟ ਬਲਵੰਤ ਸਿੰਘ ਪਮਾਲ ਦੀ ਵਿਚਾਰਾਂ , ਪਿਆਰਾਂ , ਸਤਿਕਾਰਾਂ ਦੀ ਪਵਿੱਤਰਤਾ ਵਾਲੀ ਸਾਂਝ ਰਹੀ ।

ਬਹੁਤ ਥੋੜੇ ਲੋਕ ਜਾਣਦੇ ਹਨ ਕਿ ਸ. ਜਗਦੇਵ ਸਿੰਘ ਜੱਸੋਵਾਲ ਦੀ ਦੋਸਤੀ ਕਾਰਨ ਕਵੀਸ਼ਰ ਬਲਵੰਤ ਸਿੰਘ ਪ੍ਰੋ. ਮੋਹਨ ਸਿੰਘ ਮੇਲੇ ਵਿੱਚ ਢਾਡੀ ਤੇ ਕਵੀਸ਼ਰੀ ਦਰਬਾਰ ਦੇ ਮਰਦੇ ਦਮ ਤੀਕ ਇੰਚਾਰਜ ਰਹੇ। ਉਨ੍ਹਾਂ ਦੇ ਸ਼ਾਗਿਰਦਾ ਵਿੱਚ ਢਾਡੀ ਚਰਨ ਸਿੰਘ ਆਲਮਗੀਰ ਮੈਂਬਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਮੁੱਖ ਹਨ।

ਉਨ੍ਹਾਂ ਦੇ ਸਪੁੱਤਰ ਰਛਪਾਲ ਸਿੰਘ ਪਮਾਲ ਨੇ ਸ. ਜਗਦੇਵ ਸਿੰਘ ਜੱਸੋਵਾਲ , ਕੈਪਟਨ ਅਮਰਜੀਤ ਸਿੰਘ ਸੇਖੋਂ ਸਰਪੰਚ, ਬਲਵੰਤ ਸਿੰਘ ਰਾਮੂਵਾਲੀਆ ਤੇ ਪ੍ਰੋ. ਗੁਰਭਜਨ ਸਿੰਘ ਗਿੱਲ ਦੀ ਪ੍ਰੇਰਨਾ ਨਾਲ ਸ. ਬਲਵੰਤ ਸਿੰਘ ਪਮਾਲ ਦੀ ਯਾਦ ਵਿੱਚ ਟਰਸਟ ਸਥਾਪਤ ਕਰਕੇ ਪਿੰਡ ਵਿੱਚ ਕੁਝ ਸਾਲ ਪੰਚਾਇਤ ਦੀ ਮਦਦ ਨਾਲ ਯਾਦਗਾਰੀ ਮੇਲੇ ਵੀ ਕਰਵਾਏ। ਲੋਕ ਗਾਇਕ ਹਰਭਜਨ ਮਾਨ, ਜਸਬੀਰ ਜੱਸੀ ਤੇ ਕਈ ਹੋਰ ਸਿਰਕੱਢ ਗਾਇਕ ਤੇ ਢਾਡੀ ਇਸ ਮੇਲੇ ਵਿੱਚ ਪਹੁੰਚਦੇ ਰਹੇ। ਉਨ੍ਹਾਂ ਦੀ ਚੋਣਵੀਂ ਕਵੀਸ਼ਰੀ ਪ੍ਰਕਾਸ਼ਤ ਕੀਤੀ। ਬਲਵੰਤ ਸਿੰਘ ਕਵੀਸ਼ਰ ਦੇ ਪਿੰਡ ਵਿਚਲੇ ਸਰਕਾਰੀ ਸਕੂਲ ਵਿੱਚ ਉਸ ਵੇਲੇ ਦੇ ਡਿਪਟੀ ਕਮਿਸ਼ਨਰ ਸਰਵਣ ਸਿੰਘ ਚੰਨੀ ਵੱਲੋਂ ਦਿੱਤੀ ਗਰਾਂਟ ਨਾਲ "ਬਲਵੰਤ ਸਿੰਘ ਪਮਾਲ ਯਾਦਗਾਰੀ ਲਾਇਬਰੇਰੀ" ਬਣਵਾਈ। ਘਣਛਾਵੇਂ ਬੋਹੜ ਦੀ ਥਾਂ ਬੋਹੜ ਲੱਗੇ ਮਹਾਨ ਪੰਥਕ ਢਾਡੀ ਸਰਦਾਰ ਰਛਪਾਲ ਸਿੰਘ ਪਮਾਲ ਨੇ ਆਪਣੇ ਪਿਤਾ ਕਵੀਸ਼ਰ ਬਲਵੰਤ ਸਿੰਘ ਪਮਾਲ ਦੀ ਗੁਰਜ ਨੂੰ ਆਪਣੀ ਸਿੱਖ ਇਤਿਹਾਸ ਪ੍ਰਤੀ ਲਗਨ , ਮਿਹਨਤ,ਸੰਜੀਦਗੀ ਅਤੇ ਜ਼ਿੰਦਾਦਿਲੀ ਨਾਲ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਿੱਚ ਬਹੁਤ ਆਦਰ ਯੋਗ ਸਥਾਨ ਬਣਾਇਆ ਅਤੇ ਦੁਨੀਆਂ ਭਰ ਦੀਆਂ ਸਿੰਘ ਸਭਾਵਾਂ ਤੋਂ ਰਛਪਾਲ ਸਿੰਘ ਪਮਾਲ ਦੇ ਜਥੇ ਨੂੰ ਭਰਵਾਂ ਮਾਣ ਸਤਿਕਾਰ ਪਿਆਰ ਸੱਦੇ ਪੱਤਰ ਮਿਲਦੇ ਹਨ । ਇਹ ਸਭ ਕਵੀਸ਼ਰੀ ਦੇ ਧਰੂ ਤਾਰੇ ਸਰਦਾਰ ਬਲਵੰਤ ਸਿੰਘ ਪਮਾਲ ਦੀ ਘਾਲਣਾ ਨੂੰ ਪ੍ਰਣਾਮ ਹੀ ਹੈ।

13 ਦਸੰਬਰ 1988 ਮੋਗਾ ਜ਼ਿਲ੍ਹਾ ਦੇ ਪਿੰਡ ਖੋਸਾ ਪਾਂਡੋ(ਮੋਗਾ) ਵਿੱਚ ਨਗਰ ਕੀਰਤਨ ਦੀਆਂ ਸੇਵਾਵਾਂ ਨਿਭਾਉਣ ਤੋ ਬਾਅਦ ਕਵੀਸ਼ਰੀ ਜਗਤ ਦਾ ਇੱਕ ਮਾਣ ਮੱਤਾ ਸਪੂਤ ਲਗਾਤਾਰ 35 ਵਰ੍ਹੇ ਆਪਣੇ ਸਾਥੀਆਂ ਨਾਲ ਸਾਥ ਨਿਭਾ ਕੇ ਪ੍ਰੀਵਾਰ ਅਤੇ ਕਵੀਸ਼ਰੀ ਪ੍ਰੇਮੀਆਂ ਨੂੰ ਆਖ਼ਰੀ ਫਤਿਹ ਬੁਲਾ ਕੇ ਅਕਾਲ ਪੁਰਖ ਦੀ ਗੋਦ ਵੁੱਚ ਸਮਾ ਗਏ । ਕਵੀਸ਼ਰ ਬਲਵੰਤ ਸਿੰਘ ਪਮਾਲ ਦੀ ਸਿੱਖ ਇਤਿਹਾਸ ਪੰਜਾਬ , ਪੰਜਾਬੀ ਅਤੇ ਪੰਜਾਬੀਅਤ ਪ੍ਰਤੀ ਵੱਡਮੁਲੀ ਦੇਣ ਨੂੰ ਹਮੇਸ਼ਾ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਤੇ ਯਾਦ ਕੀਤਾ ਜਾਵੇਗਾ ।

## ਸ੍ਰੀ ਅਕਾਲ ਤਖ਼ਤ ਦੇ ਜੱਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਕੈਨੇਡਾ ਦੇ ਉੱਘੇ ਸਮਾਜ ਸੇਵਕ ਜਤਿੰਦਰ ਜੇ ਮਿਨਹਾਸ ਨਾਲ ਮੁਲਾਕਾਤ

### ਜੇ ਮਿਨਹਾਸ ਵੱਲੋਂ ਸਮਾਜ ਸੇਵਾ ਲਈ ਕੀਤੇ ਜਾ ਰਹੇ ਕੰਮਾਂ ਦੀ ਭਰਪੂਰ ਸ਼ਲਾਘਾ

ਵਰਲਡ ਪੰਜਾਬੀ ਟਾਈਮਜ਼

ਆਦਮਪੁਰ, 13 ਦਸੰਬਰ : ਬੀਤੇ ਦਿਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜੱਥੇਦਾਰ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹੈੱਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਉੱਘੇ ਕਾਰੋਬਾਰੀ ਅਤੇ ਸਮਾਜ ਸੇਵਕ ਪ੍ਰਵਾਸੀ ਭਾਰਤੀ ਜਤਿੰਦਰ ਜੇ ਮਿਨਹਾਸ ਦੇ ਗ੍ਰਹਿ ਵਿਖੇ ਪਹੁੰਚੇ। ਜਤਿੰਦਰ ਜੇ ਮਿਨਹਾਸ ਵੱਲੋਂ ਕੈਨੇਡਾ ਅਤੇ ਭਾਰਤ ਵਿੱਚ ਕੀਤੇ ਜਾ ਰਹੇ ਸਮਾਜ ਸੇਵਾ ਦੇ ਵੱਡੇ ਪ੍ਰੋਜੈਕਟਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ ਕਿ ਜੇ ਮਿਨਹਾਸ ਵੱਲੋਂ ਵਿਸ਼ੇਸ਼ ਤੌਰ 'ਤੇ ਕੋਵਿਡ ਦੇ ਸਮੇਂ ਦੌਰਾਨ ਜਦੋਂ ਕੈਨੇਡਾ ਅੰਦਰ






ਪੜ੍ਹਨ ਗਏ ਭਾਰਤੀ ਵਿਦਿਆਰਥੀਆਂ ਦੀ ਕੋਈ ਬਾਂਹ ਫੜਨ ਵਾਲਾ ਨਹੀਂ ਸੀ, ਉਦੋਂ ਭਾਰਤੀ ਵਿਦਿਆਰਥੀਆਂ ਦੇ ਨਾਲ ਨਾਲ ਹੋਰਨਾਂ ਦੇਸ਼ਾਂ ਦੇ ਵਿਦਿਆਰਥੀਆਂ ਦੀ ਵੀ ਬਾਂਹ ਫੜੀ ਅਤੇ ਗੁਰੂ ਨਾਨਕ ਫ਼ੂਡ ਬੈਂਕ ਰਾਹੀਂ ਸੇਵਾਵਾਂ ਸ਼ੁਰੂ ਕਰਕੇ ਸ਼ਲਾਘਾਯੋਗ ਕੰਮ ਕੀਤਾ। ਇਨ੍ਹਾਂ ਨੇ ਸਿੱਖ ਧਰਮ ਦੇ 'ਵੰਡ ਛਕਣ' ਦੇ ਸਿਧਾਂਤ ਨੂੰ ਅਪਣਾਇਆ ਜੋ ਅੱਜ ਵੀ ਲਗਾਤਾਰ ਜਾਰੀ ਹੈ।

ਜਤਿੰਦਰ ਜੇ ਮਿਨਹਾਸ ਵੱਲੋਂ ਆਪਣੇ ਜੱਦੀ ਪਿੰਡ ਡਮੁੰਡਾ ਵਿਖੇ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਵਿੱਚ ਉਸਾਰੇ ਜਾ ਰਹੇ ਸਾਰਾਗੜ੍ਹੀ ਯਾਦਗਾਰੀ ਸਟੇਡੀਅਮ ਸੰਬੰਧੀ ਵੀ ਵਿਸਥਾਰ ਨਾਲ ਚਰਚਾ ਕਰਦਿਆਂ ਉਨ੍ਹਾਂ ਕਿਹਾ ਕਿ ਸ਼ਹੀਦ ਕੌਮ ਦਾ ਸਰਮਾਇਆ ਹੁੰਦੇ ਹਨ ਅਤੇ ਆਉਣ ਵਾਲੀ ਪੀੜ੍ਹੀ ਨੂੰ ਉਨ੍ਹਾਂ ਦੀ ਲਾਸਾਨੀ ਸ਼ਹਾਦਤ ਨਾਲ ਜਾਣੂ ਕਰਵਾਉਣ ਲਈ ਜੇ ਮਿਨਹਾਸ ਵੱਲੋਂ ਸਾਰਾਗੜ੍ਹੀ ਸਮਾਰਕ ਅਤੇ ਸਟੇਡੀਅਮ ਦਾ ਨਿਰਮਾਣ ਕਰਵਾਉਣਾ ਇੱਕ ਸ਼ਲਾਘਾਯੋਗ ਕਦਮ ਹੈ। ਕਰੀਬ ਸਵਾ ਸੌ ਸਾਲ ਬਾਅਦ ਇਨ੍ਹਾਂ ਸ਼ਹੀਦਾਂ ਨੂੰ ਨਮਨ ਕਰਦਿਆਂ ਅਜਿਹੇ ਦਰਸ਼ਨੀ ਸਮਾਰਕ ਦਾ ਨਿਰਮਾਣ ਇਕ ਸੱਚਾ ਸਿੱਖ ਹੀ ਸਮਰਪਿਤ ਭਾਵਨਾ ਨਾਲ ਕਰ ਸਕਦਾ ਹੈ।

ਉਨ੍ਹਾਂ 'ਸੰਤ ਵਤਨ ਸਿੰਘ ਲੰਬੜਦਾਰ ਭਗਵੰਤ ਸਿੰਘ ਮਿਨਹਾਸ ਚੈਰੀਟੇਬਲ ਟ੍ਰਸਟ' ਵੱਲੋਂ ਸਮਾਜ ਭਲਾਈ ਦੇ ਕੰਮਾਂ ਖ਼ਾਸ ਤੌਰ 'ਤੇ ਲਾਇਨਜ਼ ਆਈ ਹਸਪਤਾਲ ਵਿਖੇ ਅੱਖਾਂ ਦੀ ਮੁਫ਼ਤ ਸੇਵਾ, ਖੇਡਾਂ ਅਤੇ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਕਾਰਜਾਂ ਦੀ ਵੀ ਪ੍ਰਸੰਸਾ ਕੀਤੀ। ਜੇ ਮਿਨਹਾਸ ਨੇ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਵਿਖੇ ਵੱਡੀਆਂ ਸੇਵਾਵਾਂ, ਸਮਾਜਿਕ ਕਾਰਜਾਂ, ਖ਼ਾਸ ਤੌਰ 'ਤੇ ਕਿਸਾਨੀ ਸੰਘਰਸ਼ ਦੌਰਾਨ ਕੋਵਿਡ ਹੋਣ ਦੇ ਬਾਵਜੂਦ ਵਾਪਿਸ ਆ ਕੇ ਮੋਰਚੇ 'ਤੇ ਲੋਕਾਂ ਦੀ ਸੇਵਾ ਦੀ ਜਾਣਕਾਰੀ ਹਾਸਲ ਕੀਤੀ ਅਤੇ ਇਨ੍ਹਾਂ ਸਾਰੇ ਕੰਮਾਂ ਨੂੰ ਗੁਰੂ ਮਹਾਰਾਜ ਜੀ ਦੀ ਅਸੀਸ ਦੱਸਦਿਆਂ ਸਿੰਘ ਸਾਹਿਬ ਨੇ ਕਿਹਾ ਕਿ ਅਜਿਹੀਆਂ ਸੇਵਾਵਾਂ ਪਰਿਵਾਰਕ ਤੌਰ 'ਤੇ ਗੁੜ੍ਹਤੀ ਵਿੱਚ ਮਿਲਦੀਆਂ ਹਨ ਅਤੇ ਇਨ੍ਹਾਂ ਉੱਪਰ ਇਨ੍ਹਾਂ ਦੇ ਪਿਤਾ ਲੰਬੜਦਾਰ ਭਗਵੰਤ ਸਿੰਘ ਮਿਨਹਾਸ ਹੁਰਾਂ ਦਾ ਆਸ਼ੀਰਵਾਦ ਹੀ ਹੈ। ਉਨਾਂ ਕਿਹਾ ਕਿ ਜਤਿੰਦਰ ਜੇ ਮਿਨਹਾਸ ਜਿਹੀਆਂ ਸ਼ਖ਼ਸੀਅਤਾਂ ਪ੍ਰੇਰਨਾ ਦੇ ਸਰੋਤ ਹਨ ਅਤੇ ਸਮੇਂ ਦੀ ਲੋੜ ਵੀ ਹੈ ਕਿ ਤਾਂ ਜੋ ਹੋਰ ਲੋਕ ਵੀ ਇਸ ਤਰਾਂ ਦੇ ਉਪਰਾਲੇ ਕਰਨ ਅਤੇ ਲੋੜਵੰਦਾਂ ਦੀ ਸਹਾਇਤਾ ਵਿੱਚ ਬਣਦਾ ਯੋਗਦਾਨ ਪਾਉਣ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਪੰਥਕ ਬੁਲਾਰੇ ਤੇ ਸਿੱਖ ਚਿੰਤਕ ਭਗਵਾਨ ਸਿੰਘ ਜੌਹਲ, ਗੁਰਵਿੰਦਰ ਸਿੰਘ ਭੋਗਪੁਰ, ਸਤਨਾਮ ਸਿੰਘ ਮਿਨਹਾਸ ਕੈਨੇਡਾ, ਗੁਰਜੀਤ ਸਿੰਘ, ਡਾਕਟਰ ਗੁਰਦੇਵ ਸਿੰਘ ਪਰਮਾਰ, ਗੁਰਦੀਪ ਸਿੰਘ ਕਾਲਰਾ, ਰਣਜੀਤ ਸਿੰਘ ਬਾਂਕਾ ਸਪੇਨ,ਅਕਸ਼ੇਦੀਪ ਸ਼ਰਮਾ (ਮੈਨੇਜਰ ਸੰਤ ਵਤਨ ਸਿੰਘ ਲੰਬੜਦਾਰ ਭਗਵੰਤ ਸਿੰਘ ਮਿਨਹਾਸ ਚੈਰੀਟੇਬਲ ਟ੍ਰਸਟ) ਵੀ ਮੌਜੂਦ ਸਨ।

## ਦਸਮੇਸ਼ ਪਬਲਿਕ ਸਕੂਲ ਕੋਟਕਪੂਰਾ ਦੇ ਬੱਚਿਆਂ ਦੀਆਂ ਜ਼ਿਲ੍ਹਾ ਪੱਧਰ ਤੇ ਵਿਸ਼ੇਸ਼ ਪ੍ਰਾਪਤੀਆਂ

ਵਰਲਡ ਪੰਜਾਬੀ ਟਾਈਮਜ਼ — ਧਰਮ ਪ੍ਰਵਾਨਾਂ




ਫ਼ਰੀਦਕੋਟ , 13 ਦਸੰਬਰ : ਬੀਤੇ ਦਿਨੀਂ ਸੱਭਿਆਚਾਰਕ ਕੇਂਦਰ, ਫ਼ਰੀਦਕੋਟ ਵਿਖੇ "ਵੀਰ ਬਾਲ ਦਿਵਸ"ਮਨਾਇਆ ਗਿਆ। ਇਸ ਵਿੱਚ ਫ਼ਰੀਦਕੋਟ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਨੇ ਭਾਗ ਲਿਆ ਜਿਸ ਵਿੱਚ ਦਸਮੇਸ਼ ਪਬਲਿਕ ਸਕੂਲ, ਕਟੋਕਪੂਰਾ ਦੇ ਜੂਨੀਅਰ ਵਿਭਾਗ, ਦੂਜੀ ਜਮਾਤ ਦੀ ਵਿਦਿਆਰਥਣ ਜੈਜ਼ਲੀਨ ਨੇ ਕਵਿਤਾ ਉਚਾਰਨ ਮੁਕਾਬਲੇ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਅਤੇ ਪੇਪਰ ਰੀਡਿੰਗ ਮੁਕਾਬਲੇ ਵਿੱਚ ਸੀਨੀਅਰ ਵਿਭਾਗ ਦਸਵੀਂ ਜਮਾਤ ਦੀ ਵਿਦਿਆਰਥਣ ਜਸਮੀਤ ਕੌਰ ਨੇ ਵੀ ਪਹਿਲਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ। ਇਸ ਤੋਂ ਇਲਾਵਾ ਅੱਠਵੀਂ ਜਮਾਤ ਦੀ ਵਿਦਿਆਰਥਣ ਯਸ਼ਿੰਦਰ ਕੌਰ ਨੇ ਡਿਬੇਟ ਮੁਕਾਬਲੇ ਵਿੱਚ ਹਿੱਸਾ ਲੈ ਕੇ ਆਪਣੀ ਮਹੱਤਵਪੂਰਨ ਭੂਮਿਕਾ ਨਿਭਾਈ। ਇਸ ਮੌਕੇ ਸਕੂਲ ਮੁਖੀ ਸ. ਸੁਰਿੰਦਰ ਸਿੰਘ ਜੀ ਨੇ ਵਿਦਿਆਰਥਣਾਂ, ਉਹਨਾਂ ਦੇ ਮਾਪਿਆਂ, ਤਿਆਰੀ ਕਰਾਉਣ ਵਾਲੇ ਅਧਿਆਪਕਾਂ ਅਤੇ ਸਮੂਹ ਕੋਆਰਡੀਨੇਟਰਜ਼ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਇਹਨਾਂ ਵਿਦਿਆਰਥਣਾਂ ਨੇ ਇਹਨਾਂ ਮੁਕਾਬਲਿਆਂ ਵਿੱਚ ਸ਼ਾਨਦਾਰ ਜਿੱਤ ਹਾਸਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਸਕੂਲ ਦੇ ਮੈਨੇਜਿੰਗ ਡਾਇਰੈਕਟਰ ਸ. ਜਸਬੀਰ ਸਿੰਘ ਸੰਧੂ ਜੀ ਨੇ ਵੀ ਵਧਾਈ ਸੰਦੇਸ਼ ਭੇਜਿਆ ਤੇ ਉਹਨਾਂ ਨੇ ਬੱਚਿਆਂ ਨੂੰ ਅਜਿਹੇ ਹੋਰ ਮੁਕਾਬਲਿਆਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ।

## ਖੇਡਾਂ ਵਤਨ ਪੰਜਾਬ ਦੀਆਂ 2024 ਅਧੀਨ ਰਾਜ ਪੱਧਰ ਖੇਡਾਂ ਫਰੀਦਕੋਟ ਵਿਖੇ ਜਾਰੀ

### ਸਪੀਕਰ ਸੰਧਵਾਂ ਨੇ ਕੀਤੀ ਮੁੱਖ ਮਹਿਮਾਨ ਵਜੋਂ ਕੀਤੀ ਸ਼ਿਰਕਤ

### ਬਾਸਕਿਟਬਾਲ ਅੰ.17 (ਲੜਕਿਆਂ) ਦੇ ਮੁਕਾਬਲਿਆ ਵਿੱਚ ਜਲੰਧਰ ਨੇ ਸ੍ਰੀ ਫਤਿਹਗੜ੍ਹ ਸਾਹਿਬ ਨੂੰ 41-33 ਦੇ ਫਰਕ ਨਾਲ ਹਰਾਇਆ


ਵਰਲਡ ਪੰਜਾਬੀ ਟਾਈਮਜ਼ — ਧਰਮ ਪ੍ਰਵਾਨਾਂ



ਫਰੀਦਕੋਟ 13 ਦਸੰਬਰ : ਪੰਜਾਬ ਸਰਕਾਰ ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ ਵਲੋ ਜਿਲ੍ਹਾ ਪ੍ਰਸ਼ਾਸਨ ਫਰੀਦਕੋਟ ਦੇ ਸਹਿਯੋਗ ਦੇ ਖੇਡਾਂ ਵਤਨ ਪੰਜਾਬ ਦੀਆਂ 2024 ਸੀਜਨ-3 ਅਧੀਨ ਰਾਜ ਪੱਧਰ ਖੇਡਾਂ - 2024 (ਲੜਕੇ ਅਤੇ ਲੜਕੀਆਂ) ਬਾਸਕਿਟਬਾਲ ਅਤੇ ਤਾਇਕਵਾਂਡੋ ਖੇਡਾਂ ਫਰੀਦਕੋਟ ਦੇ ਨਹਿਰੂ ਸਟੇਡੀਅਮ ਵਿੱਚ ਕਰਵਾਈਆ ਜਾ ਰਹੀਆਂ ਹਨ। ਇਨ੍ਹਾ ਖੇਡਾਂ ਵਿੱਚ ਬਾਸਕਿਟਬਾਲ ਅਤੇ ਤਾਇਕਵਾਂਡੋ ਗੇਮ ਦੇ ਵੱਖ-ਵੱਖ 5 ਉਮਰ ਵਰਗਾਂ ਦੇ ਖੇਡ ਮੁਕਾਬਲੇ ਕਰਵਾਏ ਜਾ ਰਹੇ ਹਨ। ਇਹਨਾਂ ਖੇਡਾ ਦੇ ਅੱਜ ਚੌਥੇ ਦਿਨ ਮੌਕੇ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾ ਮੁੱਖ ਮਹਿਮਾਨ ਵਜੋਂ ਹਾਜਰ ਹੋਏ। ਉਨ੍ਹਾਂ ਦੇ ਨਾਲ ਐਸ.ਡੀ.ਐਮ. ਫਰੀਦਕੋਟ ਡਾ.ਮੇਜਰ ਵਰੁਣ ਕੁਮਾਰ, ਬਲਜੀਤ ਸਿੰਘ ਭੁੱਲਰ ਐਸ.ਪੀ ਫਰੀਦਕੋਟ, ਰਾਜਨਪਾਲ ਡੀ.ਐੱਸ.ਪੀ ਫਰੀਦਕੋਟ, ਅਮਨਦੀਪ ਸਿੰਘ ਬਾਬਾ ਚੈਅਰਮੈਨ ਮਾਰਕਿਟ ਕਮੇਟੀ, ਹਰਬੰਸ ਸਿੰਘ ਇੰਟਰਨੈਸ਼ਨਲ ਹਾਕੀ ਅੰਪਾਇਰ, ਵਿਸ਼ੇਸ ਤੌਰ ਤੇ ਹਾਜਰ ਸਨ। ਇਸ ਮੌਕੇ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਖਿਡਾਰੀਆਂ ਦੀ ਹੌਂਸਲਾ ਅਫਜਾਈ ਕਰਦੇ ਹੋਏ ਉਨ੍ਹਾਂ ਨੂੰ ਖਿਡਾਰੀਆਂ ਨੂੰ ਪੰਜਾਬ ਦਾ ਨਾਮ ਰਾਸ਼ਟਰੀ ਅਤੇ ਅੰਤਰ ਰਾਸ਼ਟਰੀ ਪੱਧਰ ਤੇ ਰੌਸ਼ਨ ਕਰਨ ਦਾ ਅਸ਼ੀਰਵਾਦ ਦਿੱਤਾ। ਇਸ ਮੌਕੇ ਸ਼੍ਰੀ ਦਰਸ਼ਨਪਾਲ ਸ਼ਰਮਾ ਹੈਂਡਬਾਲ ਕੋਚ ਫਰੀਦਕੋਟ ਨੇ ਮੰਚ-ਸੰਚਾਲਕ ਦੀ ਭੂਮਿਕਾ ਨਿਭਾਈ। ਬਲਜਿੰਦਰ ਸਿੰਘ ਜਿਲ੍ਹਾ ਖੇਡ ਅਫਸਰ ਫਰੀਦਕੋਟ ਨੇ ਦੱਸਿਆ ਕਿ ਅੱਜ ਹੋਈਆਂ ਖੇਡਾਂ ਦੇ ਮੁਕਾਬਲਿਆਂ ਵਿੱਚ ਗੇਮ ਬਾਸਕਿਟਬਾਲ ਵਿੱਚ ਅੰ.17 (ਲੜਕਿਆਂ) ਦੇ ਮੁਕਾਬਲਿਆ ਵਿੱਚ ਜਲੰਧਰ ਦੀ ਟੀਮ ਨੇ ਸ਼੍ਰੀ ਫਤਿਹਗੜ੍ਹ ਸਾਹਿਬ ਦੀ ਟੀਮ ਨੂੰ 41-33 ਦੇ ਫਰਕ ਨਾਲ ਹਰਾਇਆ। ਰੋਪੜ ਦੀ ਟੀਮ ਨੇ ਤਰਨਤਾਰਨ ਦੀ ਟੀਮ ਨੂੰ 23-13 ਸਕੋਰ ਦੇ ਫਰਕ ਨਾਲ ਹਰਾਇਆ। ਮਾਨਸਾ ਦੀ ਟੀਮ ਨੇ ਮੋਹਾਲੀ ਦੀ ਟੀਮ ਨੂੰ 32-11 ਸਕੋਰ ਦੇ ਫਰਕ ਨਾਲ ਹਰਾਇਆ। ਸ਼੍ਰੀ ਮੁਕਤਸਰ ਸਾਹਿਬ ਦੀ ਟੀਮ ਨੇ ਫਿਰੋਜਪੁਰ ਦੀ ਟੀਮ ਨੂੰ 27-20 ਸਕੋਰ ਦੇ ਫਰਕ ਨਾਲ ਹਰਾਇਆ। ਸੰਗਰੂਰ ਦੀ ਟੀਮ ਨੇ ਪਟਿਆਲਾ ਦੀ ਟੀਮ ਨੂੰ 27-06 ਸਕੋਰ ਦੇ ਫਰਕ ਨਾਲ ਹਰਾਇਆ। ਅੰ.21-30 (ਲੜਕਿਆਂ) ਦੇ ਮੁਕਾਬਲਿਆ ਵਿੱਚ ਫਰੀਦਕੋਟ ਦੀ ਟੀਮ ਨੇ ਬਠਿੰਡਾ ਦੀ ਟੀਮ ਨੂੰ 47-28 ਦੇ ਫਰਕ ਨਾਲ ਹਰਾਇਆ। ਸ਼੍ਰੀ ਫਤਿਹਗੜ੍ਹ ਸਾਹਿਬ ਦੀ ਟੀਮ ਨੇ ਸ਼੍ਰੀ ਮੁਕਤਸਰ ਸਾਹਿਬ ਦੀ ਟੀਮ ਨੂੰ 56-35 ਦੇ ਫਰਕ ਨਾਲ ਹਰਾਇਆ। ਪਟਿਆਲਾ ਦੀ ਟੀਮ ਨੇ ਬਰਨਾਲਾ ਦੀ ਟੀਮ ਨੂੰ 46-26 ਦੇ ਫਰਕ ਨਾਲ ਹਰਾਇਆ।ਇਸ ਮੌਕੇ ਵੱਖ-ਵੱਖ ਜਿਲ੍ਹਿਆ ਦੇ ਕੋਚਿਜ, ਦਫਤਰੀ ਸਟਾਫ, ਸਿੱਖਿਆ ਵਿਭਾਗ ਤੋ ਆਏ ਵੱਖ-ਵੱਖ ਸਕੂਲਾ ਦੇ ਡੀ.ਪੀ.ਈ/ਪੀ.ਟੀ.ਆਈ ਟੀਚਰ ਸਾਹਿਬਾਨ ਅਤੇ ਹੋਰ ਪਤਵੰਤੇ ਸੱਜਣ ਹਾਜਰ ਸਨ।

# ਅਕਾਲੀ ਫੂਲਾ ਸਿੰਘ ਤੋਂ ਬਾਅਦ ਸ੍ਰੀ ਅਕਾਲ ਤਖ਼ਤ ਦਾ ਇਤਿਹਾਸਕ ਫ਼ੈਸਲਾ

ਵਰਲਡ ਪੰਜਾਬੀ ਟਾਈਮਜ਼
ਉਜਾਗਰ ਸਿੰਘ



ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇਤਿਹਾਸਕ ਫ਼ੈਸਲੇ ਤੋਂ ਬਾਅਦ ਸਿੱਖ ਸੰਗਤ ਬਾਗੋ ਬਾਗ ਹੋ ਗਈ ਕਿਉਂਕਿ ਇਸ ਤੋਂ ਪਹਿਲਾਂ ਕੁਝ ਜਥੇਦਾਰ ਸਾਹਿਬਾਨ ਵੱਲੋਂ ਸਿੱਖਾਂ ਦੀ ਸਰਵੋਤਮ ਸੰਸਥਾ ਦੇ ਵਕਾਰ ਨੂੰ ਠੇਸ ਪਹੁੰਚਾਈ ਜਾ ਰਹੀ ਸੀ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਹੋਰ ਅਕਾਲੀ ਨੇਤਾਵਾਂ ਵੱਲੋਂ ਕੀਤੀਆਂ ਗਈਆਂ ਗ਼ਲਤੀਆਂ/ਬਜ਼ਰ ਗੁਨਾਹਾਂ ਸੰਬੰਧੀ ਦਿੱਤੇ ਗਏ ਫ਼ੈਸਲਿਆਂ ਨੇ ਅਕਾਲੀ ਫੂਲਾ ਸਿੰਘ ਦੇ ਫ਼ੈਸਲਿਆਂ ਦੀ ਯਾਦ ਮੁੜ ਤਾਜਾ ਕਰਵਾ ਦਿੱਤੀ ਹੈ। ਇਹ ਹੁਕਮਨਾਮਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ ਤੋਂ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ, ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ, ਗਿਆਨੀ ਸੁਲਤਾਨ ਸਿੰਘ ਜਥੇਦਾਰ ਸ੍ਰੀ ਕੇਸਗੜ੍ਹ ਸਾਹਿਬ ਅਤੇ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਗਿਆਨੀ ਗੁਰਮਿੰਦਰ ਸਿੰਘ ਨੇ ਸੁਣਾਇਆ। ਸ੍ਰੀ ਅਕਾਲ ਤਖ਼ਤ ਸਾਹਿਬ ਦਾ ਇਹ ਮਿਸਾਲੀ ਇਤਿਹਾਸਕ ਫ਼ੈਸਲਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉਚਤਾ ਤੇ ਖੁੱਸੀ ਮਾਣ ਮਰਿਆਦਾ ਨੂੰ ਬਹਾਲ ਕਰਨ ਵਿੱਚ ਵੱਡਾ ਕਦਮ ਹੈ। ਇਸ ਫ਼ੈਸਲੇ ਤੋਂ ਬਾਅਦ ਭਵਿਖ ਵਿੱਚ ਅਕਾਲੀ ਦਲ ਦੇ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਤੇ ਨੇਤਾ ਪੰਥ ਵਿਰੋਧੀ ਗ਼ਲਤ ਫ਼ੈਸਲੇ ਨਾ ਤਾਂ ਕਰਵਾ ਸਕਣਗੇ ਅਤੇ ਨਾ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਪੰਜ ਤਖ਼ਤਾਂ ਦੇ ਜਥੇਦਾਰ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੱਥਠੋਕੇ ਬਣਨ ਦਾ ਹੌਸਲਾ ਕਰਨਗੇ। ਇਸ ਇਤਿਹਾਸਕ ਫ਼ੈਸਲੇ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਪੰਜਾਂ ਤਖ਼ਤਾਂ ਦੇ ਜਥੇਦਾਰਾਂ ਦਾ ਵਕਾਰ ਅਤੇ ਮਾਣ ਮਰਿਆਦਾ ਨੂੰ ਬਰਕਰਾਰ ਕਰ ਦਿੱਤਾ ਹੈ। ਇਨ੍ਹਾਂ ਫ਼ੈਸਲਿਆਂ ਕਰਕੇ ਜਥੇਦਾਰ ਸਾਹਿਬਾਨ ਵਧਾਈ ਦੇ ਪਾਤਰ ਹਨ। ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਪੰਚ ਪ੍ਰਧਾਨੀ ਪ੍ਰਣਾਲੀ ਨੂੰ ਹੋਏ ਨੁਕਸਾਨ ਦੀ ਭਰਪਾਈ ਹੋ ਵੀ ਗਈ ਹੈ। ਇਹ ਪਹਿਲੀ ਵਾਰ ਹੋਇਆ ਹੈ ਕਿ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨੇਤਾਵਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਾਹਿਬ ਨੇ ਆਹਮੋ ਸਾਹਮਣੇ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਹਾਜ਼ਰ ਨਾਜ਼ਰ ਜਾਣਕੇ ਉਨ੍ਹਾਂ ਵੱਲੋਂ ਕੀਤੇ ਗ਼ਲਤ ਫ਼ੈਸਲਿਆਂ/ਬਜ਼ਰ ਗੁਨਾਹਾਂ ਨੂੰ ਸਿੱਧੇ ਸਵਾਲ ਕਰਕੇ ਹਾਂ ਜਾਂ ਨਾਂਹ ਵਿੱਚ ਜਵਾਬ ਦੇਣ ਲਈ ਕਿਹਾ ਹੋਵੇ। ਕੋਈ ਵੀ ਸਿਆਸੀ ਨੇਤਾ ਆਪਣੇ ਗੁਨਾਹਾਂ ਬਾਰੇ ਸਚਾਈ ਮੰਨਣ ਲਈ ਝਿਜਕਿਆ ਨਹੀਂ। ਇਸ ਤੋਂ ਪਹਿਲਾਂ ਇਨ੍ਹਾਂ ਨੇਤਾਵਾਂ ਨੇ ਕਦੀਂ ਵੀ ਆਪਣੀਆਂ ਗ਼ਲਤੀਆਂ ਨਹੀਂ ਮੰਨੀਆਂ ਸਨ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ ਜੀ ਨੇ ਪੂਰਾ ਹੋਮ ਵਰਕ ਕੀਤਾ ਹੋਇਆ ਸੀ। ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਨੇਤਾਵਾਂ ਦੀਆਂ ਗ਼ਲਤੀਆਂ ਦੇ ਤੱਥਾਂ ਸਮੇਤ ਪੂਰੇ ਸਬੂਤ ਉਨ੍ਹਾਂ ਕੋਲ ਮੌਜੂਦ ਸਨ। ਇਸ ਲਈ ਕੋਈ ਨੇਤਾ ਝੂਠ ਦਾ ਸਹਾਰਾ ਨਹੀਂ ਲੈ ਸਕਿਆ। ਸ਼੍ਰੋਮਣੀ ਅਕਾਲੀ ਦਲ ਦੀ ਮੋਗਾ ਕਾਨਫਰੰਸ ਦੌਰਾਨ ਅਕਾਲੀ ਦਲ ਨੇ ਪੰਥਕ ਹਿੱਤਾਂ ਤੋਂ ਦੂਰ ਹੋ ਕੇ ਸ਼੍ਰੋਮਣੀ ਅਕਾਲੀ ਦਲ ਨੂੰ ਪੰਜਾਬੀ ਪਾਰਟੀ ਦਾ ਰੂਪ ਦੇ ਦਿੱਤਾ ਤਾਂ ਜੋ ਸਿਆਸੀ ਤਾਕਤ ਸਦਾ ਉਨ੍ਹਾਂ ਦੀ ਝੋਲੀ ਵਿੱਚ ਪੈਂਦੀ ਰਹੇ। ਭਗਤੀ ਤੇ ਸ਼ਕਤੀ ਦੇ ਕੇਂਦਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਦੁਰਵਰਤੋਂ ਕਰਨਾ, ਜਥੇਦਾਰ ਸਾਹਿਬਾਨ ਨੂੰ ਆਪਣੇ ਘਰ ਬੁਲਾਉਣਾ ਬਾਦਲ ਪਰਿਵਾਰ ਦੀ ਸਿਆਸੀ ਤਾਕਤ ਨੂੰ ਖੋਖਲਾ ਕਰਨ ਵਿੱਚ ਕਾਰਗਰ ਸਾਬਤ ਹੋਇਆ ਹੈ। ਪੰਥਕ ਵਿਚਾਰਧਾਰਾ ਤੋਂ ਕਿਨਾਰਾ ਕਰਨ ਕਰਕੇ ਸ੍ਰ.ਪਰਕਾਸ਼ ਸਿੰਘ ਬਾਦਲ ਕੌਮੀ ਨੇਤਾ ਬਣਨਾ ਚਾਹੁੰਦੇ ਸਨ ਤੇ ਬਣ ਵੀ ਗਏ ਸਨ ਪ੍ਰੰਤੂ ਫਿਰ ਵੀ ਫ਼ਖ਼ਰੇ ਕੌਮ ਪੰਥਕ ਸੋਚ ਨੂੰ ਤਿਲਾਂਜ਼ਲੀ ਦੇਣ ਕਰਕੇ ਤੱਤਕਾਲੀ ਜਥੇਦਾਰ ਸਾਹਿਬਾਨ ਦੀ ਕ੍ਰਿਪਾ ਨਾਲ ਪ੍ਰਾਪਤ ਕੀਤਾ। ਉਸ ਸਮੇਂ ਦੇ ਜਥੇਦਾਰ ਸਾਹਿਬਾਨ ਨੇ ਕੋਈ ਕਿੰਤੂ ਪ੍ਰੰਤੂ ਨਹੀਂ ਕੀਤਾ। 2007 ਤੋਂ 2017 ਤੱਕ ਦੇ ਸਮੇਂ ਦੌਰਾਨ ਮਰਹੂਮ ਸ੍ਰ.ਪਰਕਾਸ਼ ਸਿੰਘ ਬਾਦਲ ਮੁੱਖ ਮੰਤਰੀ ਦੀ ਅਗਵਾਈ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਸੀ। ਉਸ ਸਮੇਂ ਦੌਰਾਨ ਸਰਕਾਰ ਦੀਆਂ ਕਾਰਵਾਈਆਂ ਪੰਥਕ ਸੋਚ ਨੂੰ ਖ਼ੋਰਾ ਲਗਾਉਂਦੀਆਂ ਰਹੀਆਂ। ਸ੍ਰ. ਸੁਖਬੀਰ ਸਿੰਘ ਬਾਦਲ ਅਤੇ ਬਾਕੀ ਅਕਾਲੀ ਨੇਤਾ ਉਸ ਸਰਕਾਰ ਵਿੱਚ ਹਿੱਸੇਦਾਰ ਸਨ ਅਤੇ ਉਹ ਪੰਥਕ ਵਿਚਾਰਧਾਰਾ ਨੂੰ ਛਿੱਕੇ 'ਤੇ ਟੰਗ ਕੇ ਸਿਆਸੀ ਤਾਕਤ ਦਾ ਆਨੰਦ ਮਾਣਦੇ ਰਹੇ। ਪੰਥ ਦੇ ਹਿੱਤਾਂ ਨੂੰ ਅੱਖੋਂ ਪ੍ਰੋਖੇ ਕਰਦੇ ਰਹੇ। ਸਿਰਸਾ ਡੇਰੇ ਦੇ ਮੁੱਖੀ ਰਾਮ ਰਹੀਮ ਨੂੰ ਮੁਆਫੀ ਦੇਣਾ, ਮੁਆਫ਼ੀ ਨੂੰ ਸਹੀ ਸਾਬਤ ਕਰਨ ਲਈ 90 ਲੱਖ ਤੋਂ ਉਪਰ ਦੇ ਅਖ਼ਬਾਰਾਂ ਵਿੱਚ ਇਸ਼ਤਿਹਾਰ ਦੇਣਾ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵਰਗਾ ਪਹਿਰਾਵਾ ਪਾ ਕੇ ਨਕਲ ਕਰਨਾ, ਉਸ ਵਿਰੁੱਧ ਕੇਸ ਕੋਰਟ ਵਿੱਚੋਂ ਵਾਪਸ ਲੈਣਾ, ਸੁਮੇਧ ਸਿੰਘ ਸੈਣੀ ਨੂੰ ਡੀ.ਜੀ.ਪੀ.ਲਗਾਉਣਾ, ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਤੇ ਕੋਈ ਸਾਰਥਕ ਫ਼ੈਸਲਾ ਨਾ ਕਰਨਾ , ਕੋਟਕਪੂਰਾ ਤੇ ਬਹਿਬਲ ਕਲਾਂ ਦੇ ਕਾਂਡ ਹੋਏ, ਪੰਜਾਬ ਪੁਲਿਸ ਨੇ ਗੋਲੀਆਂ ਚਲਾਕੇ ਦੋ ਨੌਜਵਾਨ ਸ਼ਹੀਦ ਕੀਤੇ ਪ੍ਰੰਤੂ ਸਰਕਾਰ ਨੇ ਕੋਈ ਇਨਸਾਫ਼ ਨਹੀਂ ਦਿੱਤਾ। ਇਹ ਸਾਰੇ ਕੰਮ ਪੰਥ ਵਿਰੋਧੀ ਸਨ। ਸਰਕਾਰ ਗੁਨਾਹ ਕਰਨ ਵਾਲਿਆਂ ਦੀ ਪੁਸ਼ਤ ਪਨਾਹੀ ਕਰਦੀ ਰਹੀ। ਬਾਦਲ ਪਰਿਵਾਰ ਤਖ਼ਤਾਂ ਦੇ ਜਥੇਦਾਰ ਸਾਹਿਬਾਨ ਨੂੰ ਆਪਣੀ ਮਰਜ਼ੀ ਅਨੁਸਾਰ ਸਿਆਸੀ ਹਿੱਤਾਂ ਲਈ ਵਰਤਦੇ ਰਹੇ। ਜਥੇਦਾਰ ਸਾਹਿਬਾਨ ਨੇ ਪੰਥਕ ਹਿੱਤਾਂ 'ਤੇ ਪਹਿਰਾ ਦਿੰਦਿਆਂ ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੂੰ ਸੁਖਬੀਰ ਸਿੰਘ ਬਾਦਲ ਸਮੇਤ ਜਿਹੜੇ ਨੇਤਾਵਾਂ ਨੇ ਅਸਤੀਫ਼ੇ ਦਿੱਤੇ ਹਨ, ਉਨ੍ਹਾਂ ਦੇ ਤਿੰਨ ਦਿਨਾ ਵਿੱਚ ਅਸਤੀਫ਼ੇ ਮਨਜ਼ੂਰ ਕਰਕੇ ਸ੍ਰੀ ਅਕਾਲ ਤਖ਼ਤ ਨੂੰ ਜਾਣਕਾਰੀ ਭੇਜਣ ਦੇ ਆਦੇਸ਼ ਦਿੱਤੇ। ਸਾਰੇ ਧੜੇ ਖ਼ਤਮ ਹੋਣਗੇ, ਦਾਗੀ ਤੇ ਬਾਗੀ ਇਕੱਠੇ ਹੋਣਗੇ ਤਾਂ ਪੰਥ ਦੇ ਸੁਨਹਿਰੇ ਭਵਿਖ ਦੀ ਆਸ ਕੀਤੀ ਜਾ ਸਕਦੀ ਹੈ। ਨਵੇਂ ਸਿਰੇ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਕਰਨ ਲਈ 7 ਮੈਂਬਰੀ ਕਮੇਟੀ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿੱਚ ਬਣਾਕੇ 6 ਮਹੀਨੇ ਦੇ ਅੰਦਰ ਪ੍ਰਧਾਨ ਅਤੇ ਹੋਰ ਅਹੁਦੇਦਾਰਾਂ ਦੀ ਚੋਣ ਕਰਵਾਉਣ ਦੇ ਹੁਕਮ ਦਿੱਤੇ ਹਨ। ਇਸ ਕਮੇਟੀ ਦੇ ਬਾਕੀ ਮੈਂਬਰ ਪ੍ਰੋ.ਕ੍ਰਿਪਾਲ ਸਿੰਘ ਬਡੂੰਗਰ, ਇਕਬਾਲ ਸਿੰਘ ਝੂੰਦਾਂ, ਗੁਰਪ੍ਰਤਾਪ ਸਿੰਘ ਵਡਾਲਾ, ਮਨਪ੍ਰੀਤ ਸਿੰਘ ਇਆਲੀ, ਸੰਤਾ ਸਿੰਘ ਉਮੈਦਪੁਰੀ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਨੁਮਾਇੰਦੇ ਵੱਜੋਂ ਬੀਬੀ ਸਤਵੰਤ ਕੌਰ (ਸਪੁੱਤਰੀ ਸ਼ਹੀਦ ਭਾਈ ਅਮਰੀਕ ਸਿੰਘ) ਹਨ। ਇਹ ਕਮੇਟੀ ਵੀ ਨਿਰਪੱਖ ਹੋ ਕੇ ਦੋਵੇਂ ਧੜਿਆਂ ਦੇ ਬਾਰਾਬਰ ਮੈਂਬਰ ਰੱਖ ਕੇ ਬਣਾਈ ਗਈ ਹੈ। ਅਕਾਲੀ ਦਲ ਦੀ ਅਸਲੀ ਮੈਂਬਰਸ਼ਿਪ ਆਧਾਰ ਕਾਰਡ ਦੇ ਸਬੂਤਾਂ ਅਨੁਸਾਰ ਹੋਣ ਨੂੰ ਯਕੀਨੀ ਬਣਾਉਣਾ ਹੋਵੇਗਾ। ਅਖ਼ਬਾਰਾਂ ਲਈ ਦਿੱਤੇ ਇਸ਼ਤਿਹਾਰਾਂ ਦੀ ਰਕਮ ਨੇਤਾਵਾਂ ਤੋਂ ਵਿਆਜ ਸਮੇਤ ਵਾਪਸ ਲੈਣ ਦਾ ਹੁਕਮ ਸ਼ਲਾਘਾਯੋਗ ਹੈ। ਸੁਖਬੀਰ ਸਿੰਘ ਬਾਦਲ, ਸੁਖਦੇਵ ਸਿੰਘ ਢੀਂਡਸਾ, ਬਲਵਿੰਦਰ ਸਿੰਘ ਭੂੰਦੜ, ਸੁਚਾ ਸਿੰਘ ਲੰਗਾਹ, ਹੀਰਾ ਸਿੰਘ ਗਾਬੜੀਆ, ਗੁਲਜ਼ਾਰ ਸਿੰਘ ਰਣੀਕੇ ਤੇ ਡਾ.ਦਲਜੀਤ ਸਿੰਘ ਚੀਮਾ ਅਖ਼ਬਾਰਾਂ ਦੇ ਬਿਲਾਂ ਦੀ ਰਕਮ ਵਿਆਜ਼ ਸਮੇਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਖਾਤੇ ਵਿੱਚ ਜਮ੍ਹਾਂ ਕਰਵਾਉਣਗੇ। ਸ੍ਰੀ ਅਕਾਲ ਤਖ਼ਤ ਦੇ ਇਨ੍ਹਾਂ ਫ਼ੈਸਲਿਆਂ ਨਾਲ ਸਿੱਖ ਪੰਥ ਦੇ ਨੁਮਾਇੰਦਿਆਂ ਨੂੰ ਥੋੜ੍ਹੀ ਰਾਹਤ ਮਹਿਸੂਸ ਹੋਈ ਹੈ। ਮਰਹੂਮ ਮੁੱਖ ਮੰਤਰੀ ਪਰਕਾਸ਼ ਸਿੰਘ ਬਾਦਲ ਜਿਸਨੂੰ ਅਕਾਲੀ ਸਿਆਸਤ ਦਾ ਬਾਬਾ ਬੋਹੜ ਕਿਹਾ ਜਾਂਦਾ ਸੀ, ਉਸ ਨੂੰ ਸ੍ਰੀ ਅਕਾਲ ਤਖ਼ਤ ਵੱਲੋਂ ਦਿੱਤਾ ਗਿਆ ਫ਼ਖ਼ਰੇ-ਏ-ਕੌਮ ਦਾ ਖ਼ਿਤਾਬ ਵਾਪਸ ਲੈਣਾ ਵਿਲੱਖਣ ਫ਼ੈਸਲਾ ਹੈ, ਇਸ ਫ਼ੈਸਲੇ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਪੰਜੇ ਤਖ਼ਤਾਂ ਦੀ ਪ੍ਰਭੁਸਤਾ ਦਾ ਪ੍ਰਗਟਾਵਾ ਕੀਤਾ ਹੈ। ਸੁਖਬੀਰ ਸਿੰਘ ਬਾਦਲ ਸਮੇਤ ਸਾਰੇ ਬਾਗੀ ਤੇ ਦਾਗੀ ਨੇਤਾਵਾਂ ਨੂੰ ਦਿੱਤੀ ਗਈ ਮਿਸਾਲੀ ਧਾਰਮਿਕ ਸਜਾ ਦਰਬਾਰ ਸਾਹਿਬ ਅਧੀਨ ਸੰਗਤ ਲਈ ਬਣੇ ਬਾਥਰੂਮਾਂ ਦੀ ਸਫ਼ਾਈ ਕਰਨਾ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਵੱਲੋਂ ਨਿਗਰਾਨੀ ਕਰਨਾ ਆਪਣੇ ਆਪ ਵਿੱਚ ਨੇਤਾਵਾਂ ਲਈ ਸ਼ਰਮਨਾਕ ਹੈ। ਸੁਖਬੀਰ ਸਿੰਘ ਬਾਦਲ ਅਤੇ ਸੁਖਦੇਵ ਸਿੰਘ ਢੀਂਡਸਾ ਚੋਲਾ ਪਾ ਕੇ ਬਰਛਾ ਲੈ ਕੇ ਇੱਕ ਘੰਟਾ ਸ੍ਰੀ ਦਰਬਾਰ ਸਾਹਿਬ ਦੀ ਡਿਊਡੀ ਸਾਹਮਣੇ ਬੈਠਣਾ ਵੀ ਕੀਤੀਆਂ ਗ਼ਲਤੀਆਂ ਦਾ ਅਹਿਸਾਸ ਕਰਵਾਏਗਾ। ਇਹ ਸਾਰੇ ਨੇਤਾ ਗਿਆਰਾਂ ਦਿਨ ਬਰਤਨ ਸਾਫ ਕਰਨਗੇ, ਨਿਤਨੇਮ ਤੋਂ ਇਲਾਵਾ ਸੁਖਮਨੀ ਸਾਹਿਬ ਦਾ ਪਾਠ ਕਰਨਗੇ ਕੀਰਤਨ ਸਰਵਣ ਕਰਨਗੇ। ਧਾਰਮਿਕ ਸਜਾ ਦੌਰਾਨ ਸਾਰੇ ਨੇਤਾ ਆਪਣੇ ਗਲਾਂ ਵਿੱਚ ਤਖ਼ਤੀਆਂ ਪਾਉਣਗੇ। ਇਹ ਸਜਾ ਦੋ ਦਿਨ ਸ੍ਰੀ ਹਰਿਮੰਦਰ ਸਾਹਿਬ, ਦੋ ਦਿਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਦੋ ਦਿਨ ਤਖ਼ਤ ਸ੍ਰੀ ਦਮਦਮਾ ਸਾਹਿਬ, ਦੋ ਦਿਨ ਸ੍ਰੀ ਦਰਬਾਰ ਸਾਹਿਬ ਸ੍ਰੀ ਮੁਕਤਸਰ ਸਾਹਿਬ ਅਤੇ ਦੋ ਦਿਨ ਸ੍ਰੀ ਫਤਿਹਗੜ੍ਹ ਸਾਹਿਬ ਭੁਗਤਣ ਦੇ ਆਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ ਜਿਹੜੇ ਤਖ਼ਤਾਂ ਦੇ ਜਥੇਦਾਰਾਂ ਨੇ ਡੇਰਾ ਸਿਰਸਾ ਨੂੰ ਮੁਆਫ਼ੀ ਦੇਣ ਸੰਬੰਧੀ ਆਪਣੇ ਸ਼ਪਸ਼ਟੀਕਰਨ ਭੇਜੇ ਸਨ, ਉਨ੍ਹਾਂ ਦੇ ਸ਼ਪਸ਼ਟੀਕਰਨ ਰੱਦ ਕਰ ਦਿੱਤੇ ਤੇ ਉਨ੍ਹਾਂ ਤਿੰਨਾ ਨੂੰ ਸ੍ਰੀ ਅਕਾਲ ਤਖ਼ਤ ਦੇ ਪੇਸ਼ ਹੋ ਕੇ ਮੁਆਫ਼ੀ ਮੰਗਣ ਦਾ ਹੁਕਮ ਕੀਤਾ ਗਿਆ ਹੈ, ਜਿਤਨੀ ਦੇਰ ਇਹ ਮੁਆਫੀ ਨਹੀਂ ਮੰਗਦੇ ਉਤਨੀ ਦੇਰ ਪਬਲਿਕ ਸਮਾਗਮਾ ਵਿੱਚ ਬੋਲਣ 'ਤੇ ਰੋਕ ਲਗਾ ਦਿੱਤੀ ਹੈ। ਗਿਆਨੀ ਗੁਰਬਚਨ ਸਿੰਘ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਦਿੱਤੀਆਂ ਜਾਂਦੀਆਂ ਸਾਰੀਆਂ ਸਹੂਲਤਾਂ 3 ਦਸੰਬਰ 12 ਵਜੇ ਤੱਕ ਵਾਪਸ ਲੈਣ ਲਈ ਵੀ ਕਿਹਾ ਗਿਆ ਹੈ। ਗਿਆਨੀ ਗੁਰਮੁੱਖ ਸਿੰਘ ਦੀ ਬਦਲੀ ਸ੍ਰੀ ਅਕਾਲ ਤਖ਼ਤ ਤੋਂ ਬਾਹਰ ਕਰਨ ਅਤੇ ਕਿਸੇ ਵੀ ਤਖ਼ਤ 'ਤੇ ਲਗਾਉਣ ਦੀ ਮਨਾਹੀ ਕਰ ਦਿੱਤੀ ਹੈ। ਹੈਰਾਨੀ ਦੀ ਗੱਲ ਹੈ ਜਿਹੜੇ ਜਥੇਦਾਰ ਪਹਿਲਾਂ ਧਾਰਮਿਕ ਸਜਾਵਾਂ ਲਗਾਉਂਦੇ ਸਨ, ਉਨ੍ਹਾਂ ਨੇ ਕਦੇ ਸੋਚਿਆ ਵੀ ਨਹੀਂ ਹੋਣਾ ਕਿ ਉਨ੍ਹਾਂ ਨੂੰ ਵੀ ਉਨ੍ਹਾਂ ਤਖ਼ਤਾਂ ਤੋਂ ਸਜਾ ਲਗਾਈ ਜਾ ਸਕਦੀ ਹੈ। ਹਰਵਿੰਦਰ ਸਿੰਘ ਸਰਨਾਂ ਨੂੰ ਗ਼ਲਤ ਬਿਆਨੀ ਕਰਕੇ ਤਨਖ਼ਾਹੀਆ ਕਰਾਰ ਦੇ ਦਿੱਤਾ ਗਿਆ ਹੈ। ਵਿਰਸਾ ਸਿੰਘ ਵਲਟੋਹਾ ਨੂੰ ਵੀ ਚਿਤਾਵਨੀ ਦਿੱਤੀ ਗਈ ਹੈ ਕਿ ਜੇ ਉਹ ਬਿਆਨਬਾਜ਼ੀ ਤੋਂ ਬਾਜ਼ ਨਾ ਆਇਆ ਤਾਂ ਧਾਰਮਿਕ ਸਜ਼ਾ ਦਿੱਤੀ ਜਾਵੇਗੀ। ਬਲਵੰਤ ਸਿੰਘ ਰਾਮੂਵਾਲੀਆ, ਮਨਜਿੰਦਰ ਸਿੰਘ ਸਿਰਸਾ ਅਤੇ ਮਨਪ੍ਰੀਤ ਸਿੰਘ ਬਾਦਲ ਨੂੰ ਪਤਿਤ ਹੋਣ ਕਰਕੇ ਮੀਟਿੰਗ 'ਚੋਂ ਬਾਹਰ ਭੇਜ ਦਿੱਤਾ ਗਿਆ। ਅਕਾਲੀ ਨੇਤਾਵਾਂ ਨੂੰ ਪਹਿਲੀ ਮਾਰਚ ਤੋਂ 30 ਅਪ੍ਰੈਲ 2025 ਤੱਕ 125000 ਬੂਟੇ ਲਗਾਉਣ ਲਈ ਵੀ ਕਿਹਾ ਗਿਆ। ਸ੍ਰੀ ਅਕਾਲ ਤਖ਼ਤ ਦੇ ਫ਼ੈਸਲੇ ਤੋਂ ਬਾਅਦ ਸਿੱਖ ਜਗਤ ਵਿੱਚ ਸੰਤੁਸ਼ਟੀ ਆ ਗਈ ਹੈ।

# ਫੇਸਬੁੱਕ ਵਿਦਵਾਨ

ਆਪਣੇ ਰਿਸ਼ਤੇ ਵਿੱਚ ਤਰੇੜਾਂ, ਬਾਹਰ ਨਿਭਾਉਂਦੇ ਫਿਰਦੇ,

ਫੇਸਬੁੱਕ ਤੇ ਯਾਰ ਹਜ਼ਾਰਾਂ, ਪਰ ਅਸਲ ਹੱਥਾਂ ਚੋਂ ਕਿਰਗੇ,

ਅੰਦਰੋਂ-ਬਾਹਰੋਂ ਹੋਏ ਖੋਖਲੇ, ਪਏ ਖੰਡਰ ਜਿਵੇਂ ਮਕਾਨ,

ਗਿਆਨ ਵੰਡਦੇ ਅੱਜ-ਕੱਲ੍ਹ ਬਹੁਤਾ, ਇੱਥੇ ਫੇਸਬੁੱਕ ਵਿਦਵਾਨ,

ਹਰ ਕੋਈ ਵੈਦ ਧਨੰਤਰ ਬਣਿਆ, ਹੱਥ ਵਿੱਚ ਫੜ ਕੇ ਬੂਟੀ,

ਵਾਇਰਲ ਕਰਨ ਲਈ ਪੇਜ਼ ਆਪਣਾ, ਖ਼ਬਰ ਫੈਲਾਵੇ ਝੂਠੀ,

ਠੀਕ ਗਲਤ ਦਾ ਪਤਾ ਨਹੀਂ ਲੱਗਦਾ, ਲੋਕੀਂ ਬੜੇ ਸ਼ੈਤਾਨ

ਗਿਆਨ ਵੰਡਦੇ ਅੱਜ-ਕੱਲ੍ਹ ਬਹੁਤਾ, ਇੱਥੇ ਫੇਸਬੁੱਕ ਵਿਦਵਾਨ,

ਸ਼ਰਮ ਹਯਾ ਸਭ ਵੇਚ ਕੇ ਖਾ ਗਏ, ਅਕਲਾਂ ਛਿੱਕੇ ਟੰਗੀਆਂ,

ਟਿੱਕ ਟਾਕ, ਟਵਿੱਟਰ,ਇੰਸਟਾ,ਉੱਤੇ ਰੀਲਾਂ ਗੰਦੀਆਂ ਮੰਦੀਆਂ,

ਟਕੇ-ਟਕੇ ਨੂੰ ਵਿਕਦਾ ਜਿੱਥੇ, ਨਿੱਤ ਸੱਚ ਤੇ ਦੀਨ -ਈਮਾਨ,

ਗਿਆਨ ਵੰਡਦੇ ਅੱਜ-ਕੱਲ੍ਹ ਬਹੁਤਾ,ਇੱਥੇ ਫੇਸਬੁੱਕ ਵਿਦਵਾਨ,

ਤਾਹਨੇ-ਮਿਹਣੇ, ਗਾਲ੍ਹਾਂ, ਨਫ਼ਰਤ, ਧਰਮ ਦੇ ਨਾਂ ਤੇ ਠੱਗੀਆਂ,

ਗੱਲਾਂ ਨਾਲ ਕੜਾਹ ਬਣਾਉਂਦੇ, ਗੰਜਿਆਂ ਨੂੰ ਵੇਚਣ ਕੰਘੀਆਂ,

ਪ੍ਰਿੰਸ ਨਿਮਾਣਿਆ ਦੁਨੀਆਂ ਉੱਤੇ,ਵਸ ਫ਼ੈਲਿਆ ਝੂਠ ਤੂਫ਼ਾਨ,

ਗਿਆਨ ਵੰਡਦੇ ਅੱਜ-ਕੱਲ੍ਹ ਬਹੁਤਾ, ਇੱਥੇ ਫੇਸਬੁੱਕ ਵਿਦਵਾਨ,

ਵਰਲਡ ਪੰਜਾਬੀ ਟਾਈਮਜ਼
ਰਣਬੀਰ ਸਿੰਘ ਪ੍ਰਿੰਸ

# ਤੰਦਰੁਸਤੀ / ਬਾਲ ਕਵਿਤਾ




ਨਸ਼ਿਆਂ ਨਾਲੋਂ ਭੈੜੀ ਨਾ ਇੱਥੇ ਕੋਈ ਚੀਜ਼ ਬੱਚਿਓ,
ਇਹ ਭੁਲਾ ਦੇਣ ਬੰਦੇ ਨੂੰ ਬੋਲਣ ਦੀ ਤਮੀਜ਼ ਬੱਚਿਓ।

ਇਨ੍ਹਾਂ ਨਾਲ ਲੱਗ ਜਾਣ ਤਨ ਨੂੰ ਕਈ ਰੋਗ ਬੱਚਿਓ,
ਇਨ੍ਹਾਂ ਨਾਲ ਪਿਆ ਰਹੇ ਘਰ ਵਿੱਚ ਸਦਾ ਸੋਗ ਬੱਚਿਓ।

ਇਨ੍ਹਾਂ ਤੋਂ ਰਹੋ ਦੂਰ ਜੇ ਤੰਦਰੁਸਤ ਰਹਿਣਾ ਬੱਚਿਓ,
ਤੰਦਰੁਸਤੀ ਹੈ ਜ਼ਿੰਦਗੀ ਦਾ ਕੀਮਤੀ ਗਹਿਣਾ ਬੱਚਿਓ।

ਤੰਦਰੁਸਤ ਬੰਦੇ ਦਾ ਕੰਮ ਕਰਨ ਨੂੰ ਦਿਲ ਕਰੇ ਬੱਚਿਓ,
ਕੰਮ ਕਰਕੇ ਉਹ ਜ਼ਿੰਦਗੀ ਖੁਸ਼ੀਆਂ ਨਾਲ ਭਰੇ ਬੱਚਿਓ।

ਤੰਦਰੁਸਤੀ ਮਿਲੇ ਨਾ ਕਦੇ ਬਹੁਤੇ ਪੈਸੇ ਨਾਲ ਬੱਚਿਓ,
ਇਸ ਨੂੰ ਪਾਣ ਲਈ ਖਾਣ-ਪੀਣ ਦਾ ਰੱਖੋ ਖਿਆਲ ਬੱਚਿਓ।

ਮੰਗੋ ਰੱਬ ਤੋਂ ਸਵੇਰੇ ਉੱਠ ਕੇ ਤੰਦਰੁਸਤੀ ਬੱਚਿਓ,
ਤਾਂ ਹੀ ਤੁਹਾਡੇ ਕੋਲੋਂ ਦੂਰ ਰਹਿਣੀ ਸੁਸਤੀ ਬੱਚਿਓ।

ਇਹ ਹੈ ਜ਼ਿੰਦਗੀ 'ਚ ਅੱਗੇ ਵਧਣ ਦੀ ਦਾਰੂ ਬੱਚਿਓ,
ਇਸ ਤੋਂ ਬਿਨਾਂ ਹੋਰ ਕੋਈ ਤੁਹਾਨੂੰ ਨਾ ਤਾਰੂ ਬੱਚਿਓ।

ਵਰਲਡ ਪੰਜਾਬੀ ਟਾਈਮਜ਼
ਮਹਿੰਦਰ ਸਿੰਘ ਮਾਨ

# ਧੰਨ ਦਸ਼ਮੇਸ਼ ਪਿਤਾ


Guru Gobind Singh Ji

ਤੇਗ਼ ਬਹਾਦਰ ਗੁਰੂ ਪਿਤਾ, ਤੇ ਮਾਂ ਗੁਜਰੀ ਦੇ ਜਾਏ।
ਪਟਨਾ ਸ਼ਹਿਰ 'ਚ ਜਨਮ ਲਿਆ, ਮੇਰੇ ਧੰਨ ਸ਼੍ਰੀ ਗੋਬਿੰਦ ਰਾਏ।

ਪੰਜ ਸਾਲ ਦੀ ਉਮਰ ਸੀ ਕੇਵਲ, ਜਦੋਂ ਅਨੰਦਪੁਰ ਆਏ
ਚੋਜੀ ਪ੍ਰੀਤਮ ਨੇ ਕੀ ਆਖਾਂ, ਕੀ-ਕੀ ਚੋਜ ਵਿਖਾਏ।

ਹਿੰਦੂ ਧਰਮ ਬਚਾਵਣ ਦੇ ਲਈ, ਪਿਤਾ ਤੋਰਿਆ ਦਿੱਲੀ
ਤੇਗ਼ ਬਹਾਦਰ ਦਿੱਤੀ ਸ਼ਹਾਦਤ, ਖ਼ਲਕਤ ਸਾਰੀ ਹਿੱਲੀ।

ਬਾਲ-ਵਰੇਸੇ ਗੁਰੂ ਸਾਹਿਬ ਨੇ, ਸ਼ਸਤਰ ਵਿੱਦਿਆ ਸਿੱਖੀ
ਡਰੇ ਪਹਾੜੀ ਰਾਜੇ ਐਸੇ, ਤੇਗ਼ ਵਾਹੀ ਉਹ ਤਿੱਖੀ।

ਤੇਤੀ ਵਰ੍ਹੇ ਦੀ ਉਮਰੇ ਗੁਰੂ ਜੀ, ਅੰਮ੍ਰਿਤ ਤਿਆਰ ਕਰਾਇਆ
ਮਜ਼ਲੂਮਾਂ ਨੂੰ ਉੱਚਾ ਚੁੱਕਿਆ, ਗਿਦੜੋਂ ਸ਼ੇਰ ਬਣਾਇਆ।

'ਪੰਜ ਪਿਆਰੇ' ਸਾਜ ਸਿੱਖਾਂ ਨੂੰ, ਫਿਰ ਉਹ ਕੌਤਕ ਕੀਤਾ
ਗੁਰੂ ਗੋਬਿੰਦ ਨੇ 'ਚੇਲਾ' ਬਣ ਕੇ, ਘੁੱਟ ਅੰਮ੍ਰਿਤ ਦਾ ਪੀਤਾ।

ਜੰਗ ਚਮਕੌਰ ਦੋ ਵੱਡੇ ਬੇਟੇ, ਸਨ ਸ਼ਹੀਦ ਕਰਵਾਏ
ਦੋ ਛੋਟਿਆਂ ਨੂੰ ਖ਼ਾਨ ਵਜ਼ੀਰੇ, ਨੀਂਹਾਂ ਵਿਚ ਚਿਣਾਏ।

ਐਸੀ ਬਿਪਤਾ ਤੇ ਵੀ ਉਨ੍ਹਾਂ, ਜ਼ਰਾ ਨਾ ਸੋਗ ਮਨਾਇਆ
'ਯਾਰੜੇ ਦਾ ਸਾਨੂੰ ਸੱਥਰ ਚੰਗਾ', ਉੱਚੀ ਆਖ ਸੁਣਾਇਆ।

'ਜ਼ਫ਼ਰਨਾਮਾ' ਔਰੰਗੇ ਤਾਈਂ, ਲਿਖਿਆ ਜੋਸ਼ 'ਚ ਆ ਕੇ
ਜੇਤੂ ਚਿੱਠੀ ਪੜ੍ਹ ਔਰੰਗਾ, ਕੰਬ ਉੱਠਿਆ ਥੱਰਰਾ ਕੇ।

ਜਿੱਤੀ ਜੰਗ ਖਿਦਰਾਣੇ ਦੀ, ਤੇ ਟੁੱਟੀ ਸਿੰਘਾਂ ਦੀ ਗੰਢੀ
ਪਾੜ ਬੇਦਾਵਾ ਮਹਾਂ ਸਿੰਘ ਦਾ, ਮੰਦੀਓਂ ਕੀਤੀ ਚੰਗੀ।

ਤੁਰਦੇ-ਫਿਰਦੇ ਆਖ਼ਰ ਸਤਿਗੁਰ, ਦੇਸ਼ ਮਾਲਵਾ ਆਏ
ਤਲਵੰਡੀ ਦੀ ਬੰਜਰ ਭੂਮੀ, ਨੂੰ ਆ ਭਾਗ ਲਗਾਏ।

ਦਮਦਮਾ ਸਾਹਿਬ ਨੂੰ ਦਾਤੇ ਨੇ, ਤਖ਼ਤ ਥਾਪਿਆ ਚੌਥਾ
ਕੀਤਾ ਲੰਮਾ ਟਿਕਾਣਾ ਏਥੇ, ਵੇਲ਼ਾ ਮੁੱਕਿਆ ਔਖਾ।

ਬੈਠ ਹਜੂਰੀ ਵਿਚ ਦਾਤੇ ਦੀ, ਮਾਣ ਡੱਲੇ ਦਾ ਟੁੱਟਿਆ
ਛਕਿਆ ਅੰਮ੍ਰਿਤ, ਮੁੱਕੀ ਹਉਮੈ, ਗਰਬ ਦਾ ਭਾਂਡਾ ਫੁੱਟਿਆ।

ਬੀੜ ਗ੍ਰੰਥ ਸੰਪੂਰਨ ਕੀਤੀ, ਵਿੱਚ ਤਲਵੰਡੀ ਰਹਿ ਕੇ
ਮਨੀ ਸਿੰਘ ਨੂੰ ਆਪ ਲਿਖਾਇਆ, ਮੁੱਖੋਂ ਜ਼ੁਬਾਨੀ ਕਹਿ ਕੇ।

ਦਸਮ ਗ੍ਰੰਥ ਵਿੱਚ ਲਿਖੀ ਦਾਤੇ ਨੇ, ਕੇਵਲ ਆਪਣੀ ਬਾਣੀ ਅਜਬ –
ਅਨੋਖੀ ਉਹਦੀ ਗਾਥਾ, ਆਖਾਂ ਕਿੰਜ ਕਹਾਣੀ।

ਵਿੱਚ ਨੰਦੇੜ ਹਜ਼ੂਰ ਸਾਹਿਬ ਜਾ, ਅੰਤਿਮ ਫ਼ਤਹਿ ਬੁਲਾਈ
ਗੁਰੂ ਗ੍ਰੰਥ ਨੂੰ ਸੀਸ ਨਿਵਾ ਕੇ, ਸੌਂਪ ਦਿੱਤੀ ਗੁਰਿਆਈ।

ਸਾਲ ਬਿਆਲੀ ਰਹਿ ਦੁਨੀਆਂ ਵਿੱਚ, ਐਸੇ ਕੌਤਕ ਕੀਤੇ
ਜੋ ਅੜਿਆ ਸੋ ਝੜਿਆ, ਮੁਗ਼ਲਾਂ ਜ਼ਹਿਰ ਪਿਆਲੇ ਪੀਤੇ।

ਦਸਮ ਪਿਤਾ ਗੋਬਿੰਦ ਗੁਰੂ ਜੀ, ਸਨ ਇੱਕ ਮਹਾਂ ਸੈਨਾਨੀ
ਸਭ ਕੁਝ ਵਾਰ ਦਿੱਤਾ ਸੀ ਉਨ੍ਹਾਂ, ਧੰਨ ਸਨ ਸਰਬੰਸਦਾਨੀ।

ਸਭ ਧਰਮਾਂ ਦੇ, ਸਭ ਮਜ਼੍ਹਬਾਂ ਦੇ, ਕੀ ਮੁਸਲਿਮ ਕੀ ਹਿੰਦੂ
ਸਭ ਦੇ ਗੁਰੂ-ਪੀਰ ਸਨ ਸਤਿਗੁਰ, ਸਭ ਦੇ ਕੇਂਦਰ ਬਿੰਦੂ।

ਮਿੱਤਰ ਪਿਆਰਾ, ਗੁਣੀ-ਗਹੀਰਾ, ਧੰਨ ਅੰਮ੍ਰਿਤ ਦਾ ਦਾਤਾ
ਕਰ ਕਿਰਪਾ 'ਰੂਹੀ' ਤੇ ਰਹਿਬਰ, ਭੇਤ ਨਾ ਤੇਰਾ ਜਾਤਾ।

ਵਰਲਡ ਪੰਜਾਬੀ ਟਾਈਮਜ਼
ਪ੍ਰੋ. ਨਵ ਸੰਗੀਤ ਸਿੰਘ